**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

**-ਕੋਰੋਨਾ ਦੌਰਾਨ ਔਰਤਾਂ ’ਤੇ ਵਧੀ ਘਰੇਲੂ ਹਿੰਸਾ ਦਾ ਜਿਲਾ ਕਾਨੂੰਨੀ ਸੇਵਾਵਾਂ ਨੇ ਲਿਆ ਗੰਭੀਰ ਨੋਟਿਸ**

**ਪੀੜਤ ਔਰਤਾਂ ਟੋਲ ਫ੍ਰੀ ਨੰਬਰ 1968 ਉਤੇ ਸੰਪਰਕ ਕਰਨ-ਸੁਮਿਤ ਮੱਕੜ**

ਅੰਮ੍ਰਿਤਸਰ, 2 ਮਈ ( ) : ਕੋਰੋਨਾ ਦੀ ਮਹਾਂਮਾਰੀ ਦੇ ਚਲਦਿਆਂ ਔਰਤਾਂ ਉੱਪਰ ਘਰੇਲੂ ਹਿੰਸਾ ਦੇ ਮਾਮਲਿਆਂ ਵਿੱਚ ਭਾਰੀ ਵਾਧਾ ਹੋਇਆ ਹੈ, ਜਿਸ ਦਾ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ, ਸ੍ਰੀ ਆਰ.ਕੇ.ਜੈਨ, ਜੱਜ, ਪੰਜਾਬ ਅਤੇ ਹਰਿਆਣਾ ਹਾਈਕੋਰਟ ਅਤੇ ਸ੍ਰੀਮਤੀ ਰੁਪਿੰਦਰ ਚਾਹਲ ਮੈਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਸਖਤ ਨੋਟਿਸ ਲਿਆ ਹੈ। ਇਸ ਸਬੰਧੀ ਪੂਰੇ ਪੰਜਾਬ ਵਿੱਚ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀਆਂ ਨੂੰ ਨਿਰਦੇਸ਼ ਕੀਤੇ ਗਏ ਹਨ ਕਿ ਉਹ ਅਜਿਹੇ ਮਾਮਲਿਆਂ ਵਿੱਚ ਫੌਰੀ ਕਾਰਵਾਈ ਕਰਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੱਤਰ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ-ਕਮ-ਚੀਫ਼ ਜੁਡੀਸ਼ੀਅਲ ਮੈਜਿਸਟ੍ਰੇਟ ਸ੍ਰੀ ਸੁਮਿਤ ਮੱਕੜ ਨੇ ਦੱਸਿਆ ਕਿ ਇਨਾਂ ਨਿਰਦੇਸ਼ਾਂ ਦੇ ਚੱਲਦਿਆਂ ਜ਼ਿਲਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ ਸ. ਬਲਵਿੰਦਰ ਸਿੰਘ ਸੰਧੂ ਨੇ ਜ਼ਿਲੇ ਵਿੱਚ ਔਰਤਾਂ ਤੇ ਘਰੇਲੂ ਹਿੰਸਾਂ ਸਬੰਧੀ ਸਾਰੇ ਅਮਲੇ ਨੂੰ ਹੋਰ ਤੁਰੰਤ ਹਰਕਤ ਵਿਚ ਕਰ ਦਿੱਤਾ ਹੈ ।

ਉਨਾਂ ਨੇ ਜ਼ਿਲਾ ਵਾਸੀਆ ਨੂੰ ਅਪੀਲ ਕੀਤੀ ਕਿ ਔਰਤਾਂ ਤੇ ਘਰੇਲੂ ਹਿੰਸਾ ਰੋਕਣ ਲਈ ਸਾਡਾ ਸਾਥ ਦੇਣ। ਉਨਾਂ ਦੱਸਿਆ ਕਿ ਪੀੜਤ ਔਰਤਾ ਨੂੰ ਚਾਹੀਦਾ ਹੈ ਕਿ ਉਹ ਅਜਿਹੀਆਂ ਮਾਮਲਿਆਂ ਦੀ ਰਿਪੋਰਟ ਤੁੰਰਤ ਅਥਾਰਟੀ ਦੇ ਟੋਲ ਫਰੀ ਨੰ: 1968 ’ਤੇ ਦਰਜ ਕਰਵਾਉਣ। ਉਨਾਂ ਭਰੋਸਾ ਦਵਾਇਆ ਕਿ ਪ੍ਰਸ਼ਾਸਨ ਇਸ ਮਾਮਲੇ ਵਿੱਚ ਤੁਰੰਤ ਕਾਰਵਾਈ ਕਰੇਗਾ ਅਤੇ ਕਿਸੇ ਕਿਸਮ ਦੀ ਹਿੰਸਾ ਨੂੰ ਬਰਦਾਸ਼ਤ ਨਹੀ ਕੀਤਾ ਜਾਵੇਗਾ ਅਤੇ ਕਚਿਹਰੀਆਂ ਵਿੱਚ ਕਾਰਵਾਈ ਕਰਨ ਲਈ ਉਹਨਾ ਨੂੰ ਮੁਫਤ ਵਕੀਲ ਕਰਕੇ ਦਿੱਤਾ ਜਾਵੇਗਾ।

**ਮਹਾਰਾਸ਼ਟਰ ਤੋਂ ਆਏ ਸਾਰੇ ਸ਼ਰਧਾਲੂ ਜਲਦੀ ਹੀ ਆਪਣੇ ਘਰਾਂ ਨੂੰ ਪਰਤਣਗੇ-ਡਿਪਟੀ ਕਮਿਸ਼ਨਰ**

**-ਅਧਿਕਾਰੀਆਂ ਨੇ ਲਿਆ ਇਕਾਂਤਵਾਸ ਕੇਂਦਰਾਂ ਦੀ ਰਿਹਾਇਸ਼ ਅਤੇ ਲੰਗਰ ਬਾਰੇ ਪ੍ਰਬੰਧਾਂ ਦਾ ਜਾਇਜ਼ਾ**

**-ਕਈ ਸ਼ਰਧਾਲੂਆਂ ਨੂੰ ਲੰਗਰ ਆਪਣੇ ਘਰਾਂ ਤੋਂ ਲਿਆ ਕੇ ਛਕਾ ਰਹੇ ਹਨ ਅਧਿਕਾਰੀ**

ਅੰਮ੍ਰਿਤਸਰ, 2 ਮਈ ( )-ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਵੱਲੋਂ ਵਧੀਕ ਡਿਪਟੀ ਕਮਿਸ਼ਨਰ ਅਤੇ ਸਾਰੇ ਐਸ ਡੀ ਐਮਜ਼, ਜਿੰਨਾ ਦੇ ਇਲਾਕੇ ਵਿਚ ਮਹਾਂਰਾਸ਼ਟਰ ਤੋਂ ਵਾਪਸ ਲਿਆਂਦੇ ਗਏ ਸ਼ਰਧਾਲੂਆਂ ਨੂੰ ਇਕਾਂਤਵਾਸ ਕੀਤਾ ਗਿਆ ਹੈ, ਵਿਖੇ ਸੰਗਤ ਦੀ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਦੀ ਖੁਦ ਦੇਖ-ਰੇਖ ਕਰਨ ਦੇ ਦਿੱਤੇ ਗਏ ਨਿਰਦੇਸ਼ਾਂ ਤਹਿਤ ਅੱਜ ਐਸ ਡੀ ਐਮ ਬਾਬਾ ਬਕਾਲਾ ਸਾਹਿਬ ਸ੍ਰੀਮਤੀ ਸੁਮਿਤ ਮੁੱਧ ਨੇ ਆਪਣੇ ਇਲਾਕੇ ਦੇ ਤਿੰਨ ਕੇਂਦਰਾਂ ਦਾ ਦੌਰਾ ਕਰਕੇ ਜਿੱਥੇ ਸ਼ਰਧਾਲੂਆਂ ਦੀ ਰਿਹਾਇਸ਼ ਅਤੇ ਲੰਗਰ ਬਾਰੇ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਲਿਆ, ਉਥੇ ਸੰਗਤ ਵਿਚ ਦੁੱਧ, ਫਲ ਤੇ ਲੱਸੀ ਵੀ ਵੰਡੀ। ਦੱਸਣਯੋਗ ਹੈ ਕਿ ਬੀਤੀ ਸ਼ਾਮ ਵਧੀਕ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂੰ ਅਗਰਵਾਲ ਅਤੇ ਐਸ ਡੀ ਐਮ ਸ੍ਰੀ ਸ਼ਿਵਰਾਜ ਸਿੰਘ ਬੱਲ ਨੇ ਛੇਹਰਟਾ ਕੇਂਦਰ ਦਾ ਦੌਰਾ ਕਰਕੇ ਉਥੇ ਸੰਗਤ ਨੂੰ ਫਲ ਅਤੇ ਸੈਨੀਟਾਈਜ਼ਰ ਦਿੱਤੇ ਸਨ।

ਡਿਪਟੀ ਕਮਿਸ਼ਨਰ ਨੇ ਸਾਰੇ ਕੇਂਦਰਾਂ ਦੀ ਰਿਪੋਰਟ ਲੈਣ ਮਗਰੋਂ ਦੱਸਿਆ ਕਿ ਮਹਾਰਾਸ਼ਟਰ ਤੋਂ ਪੰਜਾਬ ਸਰਕਾਰ ਵੱਲੋਂ ਲਿਆਂਦੇ ਗਏ ਸ਼ਰਧਾਲੂ ਚੜਦੀਕਲਾ ਵਿੱਚ ਹਨ ਅਤੇ ਸਾਰੇ ਹੀ ਅਗਲੇ 10-12 ਦਿਨਾਂ ਵਿਚ ਆਪਣੇ ਘਰਾਂ ਨੂੰ ਪਰਤ ਜਾਣਗੇ। ਉਨਾਂ ਕਿਹਾ ਕਿ ਸਾਡੇ ਐਸ ਡੀ ਐਮ ਪੱਧਰ ਦੇ ਅਧਿਕਾਰੀ ਸਾਰੇ ਕੇਂਦਰਾਂ ਦਾ ਖਿਆਲ ਖੁਦ ਰੱਖ ਰਹੇ ਹਨ ਅਤੇ ਕਈ ਕੇਂਦਰਾਂ ਵਿਚ ਅਜਿਹੇ ਸ਼ਰਧਾਲੂ ਵੀ ਹਨ, ਜੋ ਉਥੇ ਆਏ ਲੰਗਰ ਦੀ ਰੋਟੀ ਨਹੀਂ ਖਾਂਦੇ, ਉਨਾਂ ਨੂੰ ਸਾਡੇ ਅਧਿਕਾਰੀਆਂ ਦੇ ਘਰਾਂ ਤੋਂ ਲੰਗਰ ਤਿਆਰ ਕਰਕੇ ਭੇਜਿਆ ਜਾ ਰਿਹਾ ਹੈ।

ਇਸ ਤੋਂ ਇਲਾਵਾ ਸਿਹਤ ਵਿਭਾਗ ਵੱਲੋਂ ਡਾਕਟਰਾਂ ਦੀ ਟੀਮ ਸਾਰੇ ਸ਼ਰਧਾਲੂਆਂ ਦੀ ਸਿਹਤ ਦਾ ਨਿਰੀਖਣ ਰੋਜ਼ਾਨਾ ਕਰ ਰਹੀ ਹੈ। ਪੁਲਿਸ ਵੱਲੋਂ ਸੁਰੱਖਿਆ ਅਤੇ ਨਗਰ ਨਿਗਮ ਤੇ ਨਗਰ ਕੌਂਸਲਾਂ ਵੱਲੋਂ ਸਫ਼ਾਈ ਅਤੇ ਸੈਨੇਟਾਈਜੇਸ਼ਨ ਦੇ ਪੁਖ਼ਤਾ ਇੰਤਜਾਮ ਕੀਤੇ ਗਏ ਹਨ ਅਤੇ ਰੋਜ਼ ਹੀ ਇਨਾਂ ਕੇਂਦਰਾਂ ਦੀ ਸਫਾਈ ਕਰਕੇ ਰਸਾਇਣ ਦਾ ਛਿੜਕਾਅ ਕੀਤਾ ਜਾਂਦਾ ਹੈ। ਉਨਾਂ ਦੱਸਿਆ ਕਿ ਉਥੇ ਕੰਮ ਕਰ ਰਹੇ ਕਰਮਚਾਰੀਆਂ ਦੀ ਸੁਰੱਖਿਆ ਦਾ ਵੀ ਬਰਾਬਰ ਧਿਆਨ ਦਿੱਤ ਜਾਂਦਾ ਹੈ।

ਕੈਪਸ਼ਨ:--ਐਸ ਡੀ ਐਮ ਬਾਬਾ ਬਕਾਲਾ ਸਾਹਿਬ ਸ੍ਰੀਮਤੀ ਸੁਮਿਤ ਮੁੱਧ ਤਿੰਨ ਇਕਾਂਤਵਾਸ ਕੇਂਦਰਾਂ ਦਾ ਦੌਰਾ ਕਰਨ ਮੌਕੇ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

**ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਆਨਲਾਈਨ ਕੌਂਸਲਿੰਗ ਦੀ ਸ਼ੁਰੂਆਤ**

**-ਚਾਹਵਾਨ ਸਵੇਰੇ 9 ਤੋਂ ਸ਼ਾਮ 5 ਵਜੇ ਦਰਮਿਆਨ ਪ੍ਰਾਪਤ ਕਰ ਸਕਣਗੇ ਆਨਲਾਈਨ ਕੌਂਸਲਿੰਗ**

ਅੰਮ੍ਰਿਤਸਰ, 2 ਮਈ---ਪੰਜਾਬ ਸਰਕਾਰ ਦੀ ਘਰ-ਘਰ ਰੋਜ਼ਗਾਰ ਸਕੀਮ ਤਹਿਤ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵਲੋਂ ਅੰਮ੍ਰਿਤਸਰ ਜ਼ਿਲੇ ਦੇ ਪ੍ਰਾਰਥੀਆਂ ਨੂੰ ਆਨ ਲਾਈਨ ਕੌਂਸਲਿੰਗ ਦੀ ਸੁਵਿਧਾ ਦੀ ਪੇਸ਼ਕਸ਼ ਕੀਤੀ ਗਈ ਹੈ ਤਾਂ ਜੋ ਉਹ ਸੂਬੇ ਵਿੱਚ ਕੋਰੋਨਾ ਵਾਇਰਸ ਮਹਾਂਮਾਰੀ ਤੋਂ ਬਾਅਦ ਹਾਲਾਤ ਆਮ-ਵਾਂਗ ਹੋਣ 'ਤੇ ਅਗਲੇਰੀ ਪੜਾਈ ਅਤੇ ਮੁਕਾਬਲੇ ਦੇ ਇਮਤਿਹਾਨਾਂ ਨੂੰ ਪਾਸ ਕਰਕੇ ਰੋਜ਼ਗਾਰ ਪ੍ਰਾਪਤ ਕਰ ਸਕਣ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀਮਤੀ ਪਲਵੀ ਚੌਧਰੀ ਵਧੀਕ ਡਿਪਟੀ ਕਮਿਸ਼ਨਰ ਵਿਕਾਸ ਨੇ ਦੱਸਿਆ ਕਿ ਕਰਫ਼ਿਊ ਦੇ ਮੱਦੇਨਜ਼ਰ ਡਿਪਟੀ ਕਮਿਸ਼ਨਰ ਸ. ਸ਼ਿਵਦੁਲਾਰ ਸਿੰਘ ਢਿੱਲੋਂ ਦੀ ਰਹਿਨੁਮਾਈ ਹੇਠ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਵੱਲੋਂ ਨੌਜਵਾਨਾਂ ਲਈ ਆਨ-ਲਾਈਨ ਕੌਂਸਲਿੰਗ ਸੈਸ਼ਨ ਸ਼ੁਰੂ ਕੀਤਾ ਜਾ ਰਿਹਾ ਹੈ।

ਉਨਾਂ ਕਿਹਾ ਕਿ ਬੇ-ਰੋਜ਼ਗਾਰ ਪ੍ਰਾਰਥੀਆਂ ਨੂੰ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਕਿੱਤਾ ਮਾਹਿਰਾਂ ਵੱਲੋਂ ਅਗਲੇਰੀ ਪੜਾਈ ਅਤੇ ਮੁਕਾਬਲੇ ਦੀ ਪ੍ਰੀਖਿਆ ਪਾਸ ਕਰਨ ਤੋਂ ਇਲਾਵਾ ਰੋਜ਼ਗਾਰ ਪ੍ਰਾਪਤੀ ਦੇ ਵੱਖ- ਵੱਖ ਮੌਕਿਆਂ 'ਤੇ ਵਿਸਥਾਰ ਨਾਲ ਜਾਣਕਾਰੀ ਮੁੱਹਈਆ ਕਰਵਾਈ ਜਾਵੇਗੀ। ਉਨਾਂ ਦੱਸਿਆ ਕਿ ਇਸ ਸਕੀਮ ਤਹਿਤ ਵੱਧ ਤੋਂ ਵੱਧ ਨੌਜਵਾਨਾਂ ਨੂੰ ਕਵਰ ਕਰਨ ਦਾ ਟੀਚਾ ਮਿੱਥਿਆ ਗਿਆ ਹੈ। ਉਨਾਂ ਦੱਸਿਆ ਕਿ ਕੌਂਸਲਿੰਗ ਦਾ ਸਮਾਂ ਸਵੇਰੇ 9 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਹੋਵੇਗਾ। ਕੌਂਸਲਿੰਗ ਦਾ ਲਾਭ ਚਾਹਵਾਨ ਪ੍ਰਾਰਥੀ ਘਰ ਵਿੱਚ ਬੈਠ ਕੇ ਹੀ ਟੈਲੀਫ਼ੋਨ/ਵੀਡੀਓ ਕਾਨਫਰੰਸਿੰਗ ਰਾਹੀਂ ਲੈ ਸਕਦੇ ਹਨ।

ਬਿਊਰੋ ਦੇ ਸੀ ਈ ਓ ਸ੍ਰੀ ਸਤਿੰਦਰ ਸਿੰਘ ਨੇ ਦੱਸਿਆ ਕਿ ਆਨ-ਲਾਈਨ ਕੌਂਸਲਿੰਗ ਦੇ ਚਾਹਵਾਨ ਪ੍ਰਾਰਥੀ ਜ਼ਿਲਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਦੇ ਕੈਰੀਅਰ ਕੌਂਸਲਰ ਭਾਰਤੀ ਸ਼ਰਮਾ ਨਾਲ ਫੋਨ ਨੰਬਰ 98775-67376 ਉਤੇ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ ਵਟਸਐਪ ਗਰੁੱਪਾਂ ਰਾਹੀਂ ਵੀ ਪ੍ਰਾਰਥੀਆਂ ਨੂੰ ਕਾਊਂਸਲਿੰਗ ਪ੍ਰਦਾਨ ਕੀਤੀ ਜਾਵੇਗੀ। ਇਸ ਸਬੰਧੀ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੇ ://.. ਪੋਰਟਲ ਤੇ ਆਨਲਾਈਨ ਰਜਿਸਟ੍ਰੇਸ਼ਨ ਘਰ ਬੈਠੇ ਹੀ ਕਰ ਸਕਦੇ ਹਨ। ਜ਼ਿਲਾ ਰੋਜ਼ਗਾਰ ਅਫ਼ਸਰ ਵੱਲੋਂ ਜ਼ਿਲੇ ਦੇ ਪੜੇ-ਲਿਖੇ ਬੇ-ਰੋਜ਼ਗਾਰ ਪ੍ਰਾਰਥੀਆਂ ਨੂੰ ਅਪੀਲ ਕੀਤੀ ਗਈ ਹੈ ਕਿ ਉਹ ਰੋਜ਼ਗਾਰ ਸਹਾਇਤਾ ਅਤੇ ਅਗਲੇਰੀ ਪੜਾਈ ਲਈ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ ਆਨ-ਲਾਈਨ ਕਾਊਂਸਲਿੰਗ ਦਾ ਵੱਧ ਤੋਂ ਵੱਧ ਲਾਭ ਲੈਣ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

## ਜ਼ਿਲੇ ਦੀਆਂ ਮੰਡੀਆਂ ਵਿਚੋਂ ਕਰੀਬ ਪੌਣੇ ਤਿੰਨ ਲੱਖ ਟਨ ਮੀਟਰਕ ਟਨ ਕਣਕ ਦੀ ਖਰੀਦ ਕੀਤੀ

ਅੰਮ੍ਰਿਤਸਰ, 2 ਮਈ ( )-ਹੁਣ ਤੱਕ ਜ਼ਿਲੇ ਦੀਆਂ ਮੰਡੀਆਂ ਵਿਚ ਆਈ ਕਰੀਬ ਪੌਣੇ ਤਿੰਨ ਲੱਕ ਟਨ ਮੀਟ੍ਰਿਕ ਟਨ ਕਣਕ ਦੀ ਖਰੀਦ ਕੀਤੀ ਗਈ ਜਾ ਚੁੱਕੀ ਹੈ, ਜਿਸ ਵਿਚੋਂ ਜ਼ਿਆਦਾਤਰ ਸਰਕਾਰੀ ਏਜੰਸੀਆਂ ਵੱਲੋਂ ਹੀ ਕੀਤੀ ਗਈ ਹੈ। ਜਿਲਾ ਖੁਰਾਕ ਸਪਲਾਈ ਕੰਟਰੋਲਰ ਸ. ਲਖਵਿੰਦਰ ਸਿੰਘ ਨੇ ਦੱਸਿਆ ਕਿ ਮੰਡੀਆਂ ਵਿਚ ਸਰਕਾਰ ਵੱਲੋਂ ਦਿੱਤੀਆਂ ਹਦਾਇਤਾਂ ਅਨੁਸਾਰ ਤਰਤੀਬ ਬੜੀ ਸੁਰੱਖਿਅਤ ਢੰਗ ਨਾਲ ਕੀਤੀ ਜਾ ਰਹੀ ਹੈ, ਜਿਸ ਨਾਲ ਮੰਡੀ ਵਿਚ ਕਿਸਾਨਾਂ ਜਾਂ ਮਜ਼ਦੂਰਾਂ ਨੂੰ ਮੁਸ਼ਿਕਲ ਪੇਸ਼ ਨਹੀਂ ਆ ਰਹੀ ਅਤੇ ਨਾ ਹੀ ਆਉਣ ਦਿੱਤੀ ਜਾਵੇਗੀ।

ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਮੰਡੀਆਂ ਵਿਚ 256559 ਮੀਟਰਕ ਟਨ ਕਣਕ ਦੀ ਆਮਦ ਹੋਈ ਸੀ, ਜਿਸ ਵਿਚੋਂ 255969 ਮੀਟ੍ਰਿਕ ਟਨ ਕਣਕ ਦੀ ਖਰੀਦ ਕਰ ਲਈ ਗਈ ਸੀ। ਉਨਾਂ ਦੱਸਿਆ ਕਿ ਅੱਜ ਇਹ ਅੰਕੜਾ ਕਰੀਬ ਪੌਣੇ ਤਿੰਨ ਲੱਖ ਟਨ ਨੂੰ ਪਾਰ ਕਰ ਜਾਵੇਗਾ। ਉਨਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਆਈ ਕਣਕ ਵਿਚੋਂ ਵਿਚੋਂ ਪਨਗ੍ਰੇਨ ਵੱਲੋਂ 65093 ਮੀਟ੍ਰਿਕ ਟਨ, ਮਾਰਕਫੈੱਡ ਵੱਲੋਂ 57335 ਮੀਟ੍ਰਿਕ ਟਨ, ਪਨਸਪ ਵੱਲੋਂ 47659 ਮੀਟ੍ਰਿਕ ਟਨ, ਪੰਜਾਬ ਸਟੇਟ ਵੇਅਰਹਾਊਸਿੰਗ ਕਾਰਪੋਰੇਸ਼ਨ ਵਲੋਂ 48441 ਮੀਟ੍ਰਿਕ ਟਨ ਅਤੇ ਕੇਂਦਰ ਸਰਕਾਰ ਦੀ ਏਜੰਸੀ ਐਫ.ਸੀ.ਆਈ. ਵੱਲੋਂ 35653 ਮੀਟ੍ਰਿਕ ਟਨ ਕਣਕ ਖ਼ਰੀਦੀ ਕੀਤੀ ਜਾ ਚੁੱਕੀ ਹੈ। ਇਸ ਤੋਂ ਇਲਾਵਾ ਵਪਾਰੀਆਂ ਵੱਲੋਂ 2341 ਮੀਟਰਕ ਟਨ ਕਣਕ ਖਰੀਦੀ ਜਾ ਚੁੱਕੀ ਹੈ।

ਜਿਲਾ ਖੁਰਾਕ ਤੇ ਸਪਲਾਈ ਕੰਟਰੋਲਰ ਨੇ ਦੱਸਿਆ ਕਿ ਹੁਣ ਤੱਕ ਖਰੀਦ ਕੀਤੀ ਗਈ ਕਣਕ ਵਿਚੋਂ 72 ਫੀਸਦੀ ਕਣਕ ਮੰਡੀਆਂ ਵਿਚੋਂ ਗੁਦਾਮਾਂ ਤੱਕ ਪਹੁੰਚਾਈ ਜਾ ਚੁੱਕੀ ਹੈ ਅਤੇ ਕਿਸਾਨਾਂ ਨੂੰ ਅਦਾਇਗੀ ਵੀ ਨਾਲੋ -ਨਾਲ 48 ਘੰਟਿਆਂ ਦੇ ਅੰਦਰ-ਅੰਦਰ ਕਰਨੀ ਯਕੀਨੀ ਬਣਾਈ ਜਾ ਰਹੀ ਹੈ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫ਼ਸਰ, ਅੰਮ੍ਰਿਤਸਰ**

**ਐਸ ਟੀ ਐਫ ਵੱਲੋਂ ਅੰਤਰਰਾਸ਼ਟਰੀ ਸਮਗਲਰਾਂ ਕੋਲੋਂ 8 ਕਿਲੋ ਤੋਂ ਵੱਧ ਹੈਰੋਇਨ ਬਰਾਮਦ**

ਅੰਮ੍ਰਿਤਸਰ, 2 ਮਈ ( )-ਪੰਜਾਬ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਕੰਮ ਕਰ ਰਹੀ ਐਸ ਟੀ ਐਫ ਦੇ ਮੁੱਖੀ ਸ੍ਰੀ ਹਰਪ੍ਰੀਤ ਸਿੰਘ ਵੱਲੋਂ ਚਲਾਈ ਜਾ ਰਹੀ ਮੁਹਿੰਮ ਤਹਿਤ ਆਈ. ਜੀ. ਬਾਰਡਰ ਰੇਂਜ (ਐਸ ਟੀ ਐਫ) ਸ੍ਰੀ ਕੌਸ਼ਤੁਭ ਸ਼ਰਮਾ ਦੀ ਯੋਜਨਾਬੰਦੀ ਅਤੇ ਸਹਾਇਕ ਇੰਸਪੈਕਟਰ ਜਨਰਲ ਸ੍ਰੀ ਰਛਪਾਲ ਸਿੰਘ ਦੀ ਅਗਵਾਈ ਹੇਠ ਕੰਮ ਕਰਦੇ ਡੀ ਐਸ ਪੀ ਸ੍ਰੀ ਵਰਿੰਦਰ ਮਹਾਜਨ ਨੇ ਦੋ ਵੱਖ-ਵੱਖ ਉਪਰੇਸ਼ਨਾਂ ਵਿਚ ਤਿੰਨ ਮੁਲਜ਼ਮਾਂ ਕੋਲੋਂ 8 ਕਿਲੋ 690 ਗ੍ਰਾਮ ਹੈਰੋਇਨ ਬਰਾਮਦ ਕੀਤੀ ਹੈ।

ਸ. ਰਛਪਾਲ ਸਿੰਘ ਏ. ਆਈ. ਜੀ. ਨੇ ਦੱਸਿਆ ਕਿ 30 ਅਪ੍ਰੈਲ ਨੂੰ ਐਸ ਟੀ ਐਫ ਬਾਰਡਰ ਰੇਂਜ ਅੰਮ੍ਰਿਤਸਰ ਵੱਲੋਂ ਐਨ.ਡੀ.ਪੀ.ਐਸ. ਐਕਟ ਅਧੀਨ ਥਾਣਾ ਐਸ ਟੀ ਐਫ ਐਸ. ਏ. ਐਸ. ਨਗਰ ਵਿਖੇ ਮੁਖਬਰੀ ਦੇ ਅਧਾਰ ਉਤੇ ਮੁਕੱਦਮਾ ਦਰਜ ਕੀਤਾ ਗਿਆ ਕਿ ਪਾਕਿਸਤਾਨ ਤੋਂ ਸਮਗਲਿੰਗ ਹੋਈ ਹੈਰੋਇਨ ਬੀ.ਐਸ.ਐਫ. ਸੈਕਟਰ ਅਜਨਾਲਾ ਦੇ ਖੇਤਰ ਵਿਚ ਭਾਰਤ-ਪਾਕਿ ਸੀਮਾ ਵਿਚ ਤਾਰਾਂ ਤੋਂ ਪਾਰ ਲੁਕਾ ਕੇ ਰੱਖੀ ਹੋਈ ਹੈ। ਡੀ. ਐਸ. ਪੀ. ਵਰਿੰਦਰ ਮਹਾਜਨ ਨੇ ਤਫਤੀਸ਼ ਆਰੰਭ ਕੀਤੀ ਅਤੇ ਇਸ ਸਬੰਧੀ ਕਰਮ ਸਿੰਘ ਉਰਫ ਗਾਲੂ ਪੁੱਤਰ ਕੁਲਵੰਤ ਸਿੰਘ ਉਰਫ ਭਗਤ ਸਿੰਘ ਵਾਸੀ ਕਮੀਰਪੁਰ ਚੱਕ ਬਾਲਾ ਥਾਣਾ ਰਮਦਾਸ ਨੂੰ ਕੱਲ ਗ੍ਰਿਫਤਾਰ ਕੀਤਾ। ਇਸ ਦੀ ਨਿਸ਼ਾਨਦੇਹੀ ਉਤੇ ਬੀ. ਐਸ. ਐਫ. ਦੀ ਮਦਦ ਨਾਲ ਖੇਤਾਂ ਵਿਚੋਂ 6 ਕਿਲੋ 690 ਗ੍ਰਾਮ ਹੈਰੋਇਨ ਬਰਾਮਦ ਕਰ ਲਈ ਗਈ।

ਉਨਾਂ ਦੱਸਿਆ ਕਿ ਇਸੇ ਵਕਤ ਹੀ ਸਾਡੀ ਟੀਮ ਨੂੰ ਸੂਹ ਮਿਲੀ ਕਿ ਗੁਰਵਿੰਦਰ ਸਿੰਘ ਉਰਫ ਮਾਨ ਸਿੰਘ ਵਾਸੀ ਜੱਜੇਆਣੀ ਥਾਣਾ ਮਜੀਠਾ ਅਤੇ ਸੰਦੀਪ ਸਿੰਘ ਉਰਫ ਸੋਨੂੰ ਪਿੰਡ ਕੋਟ ਧਰਮ ਚੰਦ ਖੁਰਦ ਥਾਣਾ ਝਬਾਲ ਸਕਾਰਪਿਉ ਗੱਡੀ ਨੰਬਰ ਪੀ ਬੀ 07 ਯੂ 9327 ਵਿਚ ਹੈਰੋਇਨ ਸਪਲਾਈ ਕਰਨ ਲਈ ਰਮਦਾਸ ਤੋਂ ਅਨਜਾਲਾ ਨੂੰ ਆ ਰਹੇ ਹਨ। ਇਸ ਇਤਲਾਹ ਉਤੇ ਏ. ਐਸ. ਆਈ. ਕੁਲਵਿੰਦਰ ਸਿੰਘ, ਏ ਐਸ ਆਈ ਸੁਰਜੀਤ ਸਿੰਘ, ਏ ਐਸ ਆਈ ਕਸ਼ਮੀਰ ਸਿੰਘ, ਏ ਐਸ ਆਈ ਦਿਲਬਾਗ ਸਿੰਘ ਅਤੇ ਏ ਐਸ ਆਈ ਗੁਰਸੇਵਕ ਸਿੰਘ ਵੱਲੋਂ ਗੁੱਜਰਪੁਰਾ ਨੇੜੇ ਨਾਕਾਬੰਦੀ ਕਰ ਲਈ ਗਈ। ਡੀ ਐਸ ਪੀ ਵਰਿੰਦਰ ਮਹਾਜਨ ਵੀ ਮੌਕੇ ਉਤੇ ਪੁੱਜ ਗਏ।

ਐਸ ਟੀ ਐਫ ਟੀਮ ਨੇ ਗੱਡੀ ਆਉਂਦੀ ਵੇਖ ਰੁੱਕਣ ਦਾ ਇਸ਼ਾਰਾ ਕੀਤਾ, ਪਰ ਕਥਿਤ ਦੋਸ਼ੀਆਂ ਨੇ ਗੱਡੀ ਰੋਕਣ ਦੀ ਥਾਂ ਟੀਮ ਮੈਂਬਰਾਂ ਉਤੇ ਚੜਾਉਣ ਦਾ ਯਤਨ ਕੀਤਾ ਅਤੇ ਐਸ ਟੀ ਐਫ ਟੀਮ ਨੇ ਸੜਕ ਕਿਨਾਰੇ ਛਾਲਾਂ ਮਾਰ ਕੇ ਜਾਨ ਬਚਾਈ। ਏ. ਐਸ. ਆਈ. ਦਿਲਬਾਗ ਸਿੰਘ ਨੇ ਸਕਾਰਪਿਉ ਦਾ ਪਿੱਛਾ ਕਰਦੇ ਆਪਣੀ ਗੱਡੀ ਅੱਗੇ ਲਗਾ ਲਈ, ਪਰ ਸਮਗਲਰਾਂ ਨੇ ਗੱਡੀ ਰੋਕਣ ਦੀ ਥਾਂ ਐਸ ਟੀ ਐਫ ਦੀ ਟੀਮ ਦੀ ਗੱਡੀ ਨੂੰ ਟੱਕਰ ਮਾਰੀ ਤੇ ਫਿਰ ਗੱਡੀ ਭਜਾ ਲਈ। ਡੀ. ਐਸ. ਪੀ ਵਰਿੰਦਰ ਮਹਾਜਨ ਅਤੇ ਟੀਮ ਨੇ ਸਵੈ ਰੱਖਿਆ ਲਈ ਕਥਿਤ ਦੋਸ਼ੀਆਂ ਦੀ ਗੱਡੀ ਦੇ ਟਾਇਰਾਂ ਵੱਲ ਗੋਲੀਆਂ ਵੀ ਮਾਰੀਆਂ। ਇਸ ਤਰਾਂ ਕਰੀਬ 20-25 ਮਿੰਟ ਦੇ ਪਿੱਛੇ ਮਗਰੋਂ ਚੱਕ ਮਿਸ਼ਰੀ ਖਾਂ ਨੇੜੇ ਇਨਾਂ ਨੂੰ ਕਾਬੂ ਕਰ ਲਿਆ ਅਤੇ ਗੱਡੀ ਵਿਚੋਂ 2 ਕਿਲੋਗ੍ਰਾਮ ਹੈਰੋਇਨ ਬਰਾਮਦ ਕੀਤੀ। ਸਕਾਰਪਿਉ ਚਾਲਕ ਸੰਦੀਪ ਸਿੰਘ ਉਰਫ ਸੋਨੂੰ ਦੀ ਖੱਬੀ ਲੱਤ ਵਿਚ ਗੋਲੀ ਲੱਗਣ ਕਾਰਨ ਉਸ ਨੂੰ ਗੁਰੂ ਨਾਨਕ ਹਸਪਤਾਲ ਦਾਖਲ ਕਰਵਾਇਆ ਗਿਆ ਹੈ, ਜਦਕਿ ਉਸਦਾ ਸਾਥੀ ਗੁਰਵਿੰਦਰ ਸਿੰਘ ਪੁਲਿਸ ਦੀ ਗ੍ਰਿਫਤ ਵਿਚ ਹੈ। ਦੋਸ਼ੀਆਂ ਉਤੇ ਮੁਕਦਮਾ ਦਰਜ ਕਰਕੇ ਤਫਤੀਸ਼ ਜਾਰੀ ਹੈ ਅਤੇ ਹੋਰ ਖੁਲਾਸੇ ਹੋਣ ਦੀ ਵੀ ਆਸ ਹੈ।